# ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ

## ਖ਼ਾਲਸਾ ਕਾਲਜ ਦੇ ਪੰਜਾਬੀ ਵਿਭਾਗ ਵਲੋਂ ਪ੍ਰਭ ਆਸਰਾ, ਪਡਿਆਲਾ ਦਾ ਕੀਤਾ ਦੌਰਾ

**( 27-04-2023 )**

ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਜਸਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਭਾਗ ਦੇ ਮੁਖੀ ਪ੍ਰੋ. ਹਰਜਿੰਦਰ ਸਿੰਘ ਦੀ ਅਗਵਾਈ ਅਧੀਨ ਪੰਜਾਬੀ ਵਿਭਾਗ ਦੇ ਸਮੂਹ ਸਟਾਫ਼ ਅਤੇ ਐਮ.ਏ. ਪੰਜਾਬੀ ਦੇ ਵਿਦਿਆਰਥੀਆਂ ਨੇ ਪ੍ਰਭ ਆਸਰਾ, ਪਡਿਆਲਾ ( ਕੁਰਾਲੀ) ਦਾ ਦੌਰਾ ਕੀਤਾ ਗਿਆ। ਇੱਥੇ ਚਾਰ ਸੌ ਦੇ ਕਰੀਬ ਛੋਟਿਆਂ ਤੋਂ ਵੱਡਿਆਂ ਤੱਕ ਦੇ ਬੱਚੇ,ਵਿਦਿਆਰਥੀ ( ਜਿੰਨ੍ਹਾਂ ਵਿੱਚ ਬਹੁਤ ਸਾਰੇ ਨਾਰਮਲ ਨਹੀਂ ਸਨ,ਕੁੱਝ ਹਾਲਾਤਾਂ ਦੇ ਮਾਰੇ, ਕੁੱਝ ਗੇਟ ‘ਤੇ ਲੱਗੇ ਪੰਘੂੜਿਆਂ ਦੇ ਜ਼ਰੀਏ ਚਾਰ ਦੀਵਾਰੀ ਅੰਦਰ ਆ ਚੁੱਕੇ ਨੂੰ ਵੇਖ ਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀਆਂ ਅੱਖਾਂ ਨਮ ਅਤੇ ਚਿਹਰਿਆਂ ਤੋਂ ਉਦਾਸੀ ਸਾਫ਼ ਝਲਕਦੀ ਸੀ। ਇਸ ਮੌਕੇ ਸਮੂਹ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਆਪਣੀ ਸ਼ਰਧਾ ਅਨੁਸਾਰ ਪ੍ਰਬੰਧਕਾਂ ਨੂੰ ਵਿੱਤੀ ਸਹਾਇਤਾ, ਖਾਣ ਪੀਣ ਦੀਆਂ ਵਸਤਾਂ ਅਤੇ ਕੱਪੜੇ ਦਾਨ ਕੀਤੇ ਗਏ। ਪ੍ਰਭ ਆਸਰਾ ਦੇ ਪ੍ਰਬੰਧਕਾਂ ਵੱਲੋਂ ਧੰਨਵਾਦ ਕਰਦਿਆਂ ਕਾਲਜ ਅਤੇ ਪੰਜਾਬੀ ਵਿਭਾਗ ਦੇ ਇਸ ਉਪਰਾਲੇ ਦੀ ਖੂਬ ਸ਼ਲਾਘਾ ਕੀਤੀ ।

